# TODAY'S HUKAMNAMA FROM SRI DARBAR SAHIB, Sri Amritsar.

**[September 2nd, 2024 – Monday - 05:00 AM. IST]**

ਗੂਜਰੀ ਮਹਲਾ ੫ ॥

ਆਪਨਾ ਗੁਰੁ ਸੇਵਿ ਸਦ ਹੀ ਰਮਹੁ ਗੁਣ ਗੋਬਿੰਦ ॥ ਸਾਸਿ ਸਾਸਿ ਅਰਾਧਿ ਹਰਿ ਹਰਿ ਲਹਿ ਜਾਇ ਮਨ ਕੀ ਚਿੰਦ ॥੧॥ ਮੇਰੇ ਮਨ ਜਾਪਿ ਪ੍ਰਭ ਕਾ ਨਾਉ ॥ ਸੂਖ ਸਹਜ ਅਨੰਦ ਪਾਵਹਿ ਮਿਲੀ ਨਿਰਮਲ ਥਾਉ ॥੧॥ ਰਹਾਉ ॥ ਸਾਧਸੰਗਿ ਉਧਾਰਿ ਇਹੁ ਮਨੁ ਆਠ ਪਹਰ ਆਰਾਧਿ ॥ ਕਾਮੁ ਕ੍ਰੋਧੁ ਅਹੰਕਾਰੁ ਬਿਨਸੈ ਮਿਟੈ ਸਗਲ ਉਪਾਧਿ ॥੨॥ ਅਟਲ ਅਛੇਦ ਅਭੇਦ ਸੁਆਮੀ ਸਰਣਿ ਤਾ ਕੀ ਆਉ ॥ ਚਰਣ ਕਮਲ ਅਰਾਧਿ ਹਿਰਦੈ ਏਕ ਸਿਉ ਲਿਵ ਲਾਉ ॥੩॥ ਪਾਰਬ੍ਰਹਮਿ ਪ੍ਰਭਿ ਦਇਆ ਧਾਰੀ ਬਖਸਿ ਲੀਨ੍ਹੇ ਆਪਿ ॥ ਸਰਬ ਸੁਖ ਹਰਿ ਨਾਮੁ ਦੀਆ ਨਾਨਕ ਸੋ ਪ੍ਰਭੁ ਜਾਪਿ ॥੪॥੨॥੨੮॥

ਸੋਮਵਾਰ, ੧੮ ਭਾਦੋਂ (ਸੰਮਤ ੫੫੬ ਨਾਨਕਸ਼ਾਹੀ) ੨ ਸਤੰਬਰ, ੨੦੨੪ (ਅੰਗ: ੫੦੧)

ਪੰਜਾਬੀ ਵਿਆਖਿਆ:

ਗੂਜਰੀ ਮਹਲਾ ੫ ॥

ਹੇ ਭਾਈ! ਆਪਣੇ ਗੁਰੂ ਦੀ ਸਰਨ ਪੈ ਕੇ ਸਦਾ ਹੀ ਗੋਵਿੰਦ ਦੇ ਗੁਣ ਯਾਦ ਕਰਦਾ ਰਹੁ, ਆਪਣੇ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਆਰਾਧਨ ਕਰਦਾ ਰਹੁ, ਤੇਰੇ ਮਨ ਦੀ ਹਰੇਕ ਚਿੰਤਾ ਦੂਰ ਹੋ ਜਾਇਗੀ ।੧। ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਦਾ ਰਹੁ (ਸਿਮਰਨ ਦੀ ਬਰਕਤਿ ਨਾਲ) ਸੁਖ, ਆਤਮਕ ਅਡੋਲਤਾ, ਅਨੰਦ ਪ੍ਰਾਪਤ ਕਰੇਂਗਾ, ਤੈਨੂੰ ਉਹ ਥਾਂ ਮਿਲਿਆ ਰਹੇਗਾ ਜੇਹੜਾ ਤੈਨੂੰ ਸਦਾ ਸੁੱਚਾ ਰੱਖ ਸਕੇ ।੧।ਰਹਾਉ।ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਆਪਣੇ ਇਸ ਮਨ ਨੂੰ (ਵਿਕਾਰਾਂ ਤੋਂ) ਬਚਾਈ ਰੱਖ, ਅੱਠੇ ਪਹਰ ਪਰਮਾਤਮਾ ਦਾ ਆਰਾਧਨ ਕਰਦਾ ਰਹੁ, (ਤੇਰੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨਾਸ ਹੋ ਜਾਇਗਾ, ਤੇਰਾ ਹਰੇਕ ਰੋਗ ਦੂਰ ਹੋ ਜਾਇਗਾ ।੨। ਹੇ ਭਾਈ! ਉਸ ਮਾਲਕ-ਪ੍ਰਭੂ ਦੀ ਸਰਨ ਵਿਚ ਟਿਕਿਆ ਰਹੁ ਜੋ ਸਦਾ ਕਾਇਮ ਰਹਿਣ ਵਾਲਾ ਹੈ ਜੋ ਨਾਸ-ਰਹਿਤ ਹੈ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਹੇ ਭਾਈ! ਆਪਣੇ ਹਿਰਦੇ ਵਿਚ ਪ੍ਰਭੂ ਦੇ ਸੋਹਣੇ ਕੋਮਲ ਚਰਨਾਂ ਦਾ ਆਰਾਧਨ ਕਰਿਆ ਕਰ, ਪਰਮਾਤਮਾ ਦੇ ਚਰਨਾਂ ਨਾਲ ਪਿਆਰ ਪਾਈ ਰੱਖ ।੩। ਹੇ ਭਾਈ! ਪਾਰਬ੍ਰਹਮ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ ਉਹਨਾਂ ਨੂੰ ਉਸ ਨੇ ਆਪ ਬਖ਼ਸ਼ ਲਿਆ (ਉਹਨਾਂ ਦੇ ਪਿਛਲੇ ਪਾਪ ਖਿਮਾ ਕਰ ਦਿੱਤੇ) ਉਹਨਾਂ ਨੂੰ ਉਸਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਆਪਣਾ ਹਰਿ-ਨਾਮ ਦੇ ਦਿੱਤਾ । ਹੇ ਨਾਨਕ! (ਆਖ—ਹੇ ਭਾਈ!) ਤੂੰ ਭੀ ਉਸ ਪ੍ਰਭੂ ਦਾ ਨਾਮ ਜਪਿਆ ਕਰ ।੪।੨।੨੮।

**English Translation:**

**GUJRI, FIFTH MEHL:**

Serve your Guru forever, and chant the Glorious Praises of the Lord of the Universe. With each and every breath, worship the Lord, Har, Har, in adoration, and the anxiety of your mind will be dispelled. || 1 || O my mind, chant the Name of God. You shall be blessed with peace, poise and pleasure, and you shall find the immaculate place. || 1 || Pause || In the Saadh Sangat, the Company of the Holy, redeem your mind, and and adore the Lord, twenty-four hours a day. Sexual desire, anger and egotism will be dispelled, and all troubles shall end. || 2 || The Lord Master is immovable, immortal and inscrutable; seek His Sanctuary. Worship in adoration the lotus feet of the Lord in your heart, and center your consciousness lovingly on Him alone. || 3 || The Supreme Lord God has shown mercy to me, and He Himself has forgiven me. The Lord has given me His Name, the treasure of peace; O Nanak, meditate on that God. || 4 || 2 || 28 ||

**Monday, 18th Bhaadon (Samvat 556 Nanakshahi) 2nd September 2024 (Page: 501)**